ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ **ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸ਼ਿਵ ਮੰਦਰ ਵਿਖੇ ਲਗਾਏ ਗਏ ਕੈਂਪ ਦਾ ਦ੍ਰਿਸ਼। ਤਸਵੀਰ: ਸੁਖਪਾਲ ਸਿੰਘ ਢਿੱਲੋਂ

ਸ਼ਿਵ ਮੰਦਰ ਵਿਖੇ ਜਾਂਚ ਕੈਂਪ ਲਗਾਇਆ

ਸ੍ਰੀ ਮੁਕਤਸਰ ਸਾਹਿਬ, 8 ਦਸੰਬਰ (ਸੁਖਪਾਲ ਸਿੰਘ ਢਿੱਲੋਂ)- ਸ੍ਰੀ ਮੁਕਤਸਰ ਸਾਹਿਬ ਦੇ ਕੋਟਕਪੂਰਾ ਰੋਡ ਸਥਿਤ ਬਾਬਾ ਕਾਂਸ਼ੀ ਰਾਮ ਸ਼ਿਵ ਮੰਦਰ ਵਿਖੇ ਡੀ.ਬੀ.ਸੀ. ਬੈਂਕ ਵਲੋਂ ਸ਼ੂਗਰ ਅਤੇ ਬਲੱਡ ਪ੍ਰੈੱਸ਼ਰ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਸ਼ਿਵ ਮੰਦਰ ਦੇ ਪ੍ਰਧਾਨ ਸਤਪਾਲ ਗੋਇਲ ਨੇ ਡੀ.ਸੀ.ਬੀ. ਬੈਂਕ ਮੁਲਾਜ਼ਮਾਂ ਦਾ ਧੰਨਵਾਦ ਕੀਤਾ। ਇਸ ਮੌਕੇ ਭਗਵਾਨ ਦਾਸ ਚੋਪੜਾ ਖ਼ਜ਼ਾਨਚੀ, ਪਵਨ ਬਾਂਸਲ ਸਰਪ੍ਰਸਤ, ਗੁਲਸ਼ਨ ਮਿੱਤਲ ਸਕੱਤਰ, ਦੀਪਕ ਬਾਂਸਲ ਜੁਆਇੰਟ ਸਕੱਤਰ, ਅਸ਼ੋਕ ਕੁਮਾਰ ਮੈਂਬਰ ਆਦਿ ਸਮੂਹ ਬੈਂਕ ਆਧਿਕਾਰੀ ਹਾਜ਼ਰ ਸਨ।

ਜੀ.ਟੀ.ਬੀ. ਪਬਲਿਕ ਸਕੂਲ ਮਲੋਟ ਵਿਖੇ ਡੀ.ਈ.ਓ. ਜਸਪਾਲ ਮੋਂਗਾ ਨੂੰ ਸਨਮਾਨਿਤ ਕਰਦੇ ਹੋਏ ਪ੍ਰਿੰਸੀਪਲ ਹੇਮਲਤਾ ਕਪੂਰ ਅਤੇ ਮੈਨੇਜਿੰਗ ਕਮੇਟੀ ਦੇ ਅਹੁਦੇਦਾਰ। ਤਸਵੀਰ: ਪਾਟਿਲ

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸਮਾਗਮ

ਮਲੋਟ, 8 ਦਸੰਬਰ (ਪਾਟਿਲ)- ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਗੁਰੂ ਤੇਗ ਬਹਾਦਰ ਖ਼ਾਲਸਾ ਪਬਲਿਕ ਸਕੂਲ ਮਲੋਟ ਵਿਖੇ ਅਖੰਡ ਪਾਠ ਦੇ ਭੋਗ ਉਪਰੰਤ ਸੰਸਥਾ ਦੇ ਵਿਦਿਆਰਥੀਆਂ ਵਲੋਂ ਇਲਾਹੀ ਬਾਣੀ ਦਾ ਸ਼ਬਦ ਕੀਰਤਨ ਕਰਕੇ ਸਮੁੱਚੀ ਹਾਜ਼ਰੀਨ ਸਾਧ ਸੰਗਤ ਨੂੰ ਨਿਹਾਲ ਕੀਤਾ ਗਿਆ। ਸਕੂਲ ਦੇ ਸੰਗੀਤ ਅਧਿਆਪਕ ਮਨਦੀਪ ਸਿੰਘ ਤੇ ਗੁਰਪ੍ਰੀਤ ਸਿੰਘ ਵਲੋਂ ਗੁਰੂ ਜੀ ਦੇ ਜੀਵਨ ਨਾਲ ਸੰਬੰਧਿਤ ਕਥਾ ਵਿਚਾਰ ਕੀਤੀ ਗਈ। ਸਮਾਗਮ ਵਿਚ ਡੀ.ਈ.ਓ. ਜਸਪਾਲ ਮੋਂਗਾ, ਡਿਪਟੀ ਡੀ.ਈ.ਓ. ਰਜਿੰਦਰ ਸੋਨੀ, ਡੀ.ਈ.ਓ. ਐਲੀਮੈਂਟਰੀ ਅਜੇ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਦਸਵੀਂ ਤੇ ਬਾਰ੍ਹਵੀਂ ਬੋਰਡ ਦੇ ਨਤੀਜਿਆਂ ਵਿਚ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਅਤੇ ਖੇਡ ਖੇਤਰ ਵਿਚ ਰਾਸ਼ਟਰੀ ਪੱਧਰ ਵਿਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ। ਸਮੁੱਚੀ ਮੈਨੇਜਿੰਗ ਕਮੇਟੀ ਤੇ ਪ੍ਰਿੰਸੀਪਲ ਹੇਮਲਤਾ ਕਪੂਰ ਵਲੋਂ ਸਮਾਗਮ ਵਿਚ ਸ਼ਾਮਿਲ ਮੁੱਖ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਆ ਗਿਆ। ਮਹਾਂਵੀਰ ਗਊਸ਼ਾਲਾ ਦੇ ਸੰਚਾਲਕ, ਜੋੜਾ ਘਰ ਸੁਸਾਇਟੀ ਦੇ ਸੰਚਾਲਕ ਤੇ ਗ੍ਰੰਥੀ ਸਿੰਘਾਂ ਨੂੰ ਨਿਰਸਵਾਰਥ ਸੇਵਾ ਭਾਵਨਾ ਲਈ ਸਿਰਪਾਉ ਦੇ ਕੇ ਸਨਮਾਨਿਆ ਗਿਆ। ਪ੍ਰਿੰਸੀਪਲ ਹੇਮਲਤਾ ਕਪੂਰ ਵਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ।

ਕਿਸ਼ਨਪੁਰਾ ਕਲਾਂ ਦੇ ਨਾਮੀ ਮਾਨ ਪਰਿਵਾਰ ਦੇ ਆਗੂ ਰਾਜਿੰਦਰ ਸਿੰਘ ਬਿੰਦਰ ਨਾਲ ਦੁੱਖ ਸਾਂਝਾ ਕਰਨ ਪੁੱਜੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਤੇ ਪਿੰਡ ਵਾਸੀ। ਤਸਵੀਰ : ਕਲਸੀ

ਜਥੇਦਾਰ ਅਰਜਨ ਸਿੰਘ ਦੇ ਅਕਾਲ ਚਲਾਣੇ 'ਤੇ ਸਿਮਰਨਜੀਤ ਸਿੰਘ ਮਾਨ ਵਲੋਂ ਦੁੱਖ ਦਾ ਪ੍ਰਗਟਾਵਾ

ਕਿਸ਼ਨਪੁਰਾ ਕਲਾਂ, 8 ਦਸੰਬਰ (ਅਮੋਲਕ ਸਿੰਘ ਕਲਸੀ, ਪਰਮਿੰਦਰ ਸਿੰਘ ਗਿੱਲ)- ਇਲਾਕੇ ਦਾ ਸਿਰਕੱਢ ਖ਼ਾਨਦਾਨੀ, ਸ਼੍ਰੋਮਣੀ ਅਕਾਲੀ ਅੰਮ੍ਰਿਤਸਰ ਦੇ ਨਿਧੜਕ ਜਰਨੈਲ, ਬੇਦਾਗ਼ ਸ਼ਖ਼ਸੀਅਤ, ਵਫ਼ਾਦਾਰ ਸਿਪਾਹੀ ਜ਼ਿਲ੍ਹਾ ਮੋਗਾ ਦੇ ਸੀਨੀਅਰ ਮੀਤ ਪ੍ਰਧਾਨ ਅਰਜਨ ਸਿੰਘ ਮਾਨ ਕਿਸ਼ਨਪੁਰਾ ਕਲਾਂ ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਜਾਣ 'ਤੇ ਵੱਡੀ ਗਿਣਤੀ ਵਿਚ ਰਾਜਨੀਤਕ, ਧਾਰਮਿਕ, ਸਮਾਜਿਕ ਸ਼ਖ਼ਸੀਅਤਾਂ ਵਲੋਂ ਉਨ੍ਹਾਂ ਦੇ ਗ੍ਰਹਿ ਪੁੱਜ ਕੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਦੁੱਖ ਦੀ ਘੜੀ 'ਚ ਉਚੇਚੇ ਤੌਰ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜ ਕੇ ਨਾਮੀ ਮਾਨ ਪਰਿਵਾਰ ਦੇ ਆਗੂ ਰਾਜਿੰਦਰ ਸਿੰਘ ਬਿੰਦਰ ਤੇ ਹੋਰਨਾਂ ਪਰਿਵਾਰ ਮੈਂਬਰਾਂ ਨਾਲ ਦੁੱਖ ਪ੍ਰਗਟਾਇਆ ਗਿਆ। ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਜਥੇਦਾਰ ਅਰਜਨ ਸਿੰਘ ਮਾਨ ਕਿਸ਼ਨਪੁਰਾ ਕਲਾਂ ਦੇ ਵਿਛੋੜੇ ਨਾਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਮਾਨ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਆਪਣੇ ਕਰੀਬੀ ਰਹੇ ਸਾਥੀ ਜਥੇਦਾਰ ਅਰਜਨ ਸਿੰਘ ਮਾਨ ਦੇ ਜੀਵਨ ਦੀ ਕਈ ਹੋਈਆਂ ਯਾਦਗਾਰ ਘਟਨਾਵਾਂ ਸਾਂਝੀਆ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਘਾਟ ਸਾਨੂੰ ਹਮੇਸ਼ਾ ਮਹਿਸੂਸ ਹੋਵੇਗੀ। ਇਸ ਮੌਕੇ ਦੁਖੀ ਮਾਨ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿਚ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਖ਼ਾਲਸਾ, ਜਗਜੀਤ ਸਿੰਘ ਸ਼ਹਿਰੀ ਪ੍ਰਧਾਨ, ਪ੍ਰੀਤਮ ਸਿੰਘ ਧਰਮੀ ਫ਼ੌਜੀ, ਰਣਜੀਤ ਮੁਨੀਮ, ਹਰਜੀਤ ਕੌਰ, ਸਵਰਨਜੀਤ ਕੌਰ, ਪਰਮਵੀਰ ਸਿੰਘ ਮਾਨ, ਮਾਸਟਰ ਸਰਦੂਲ ਸਿੰਘ, ਡਾਕਟਰ ਗੁਰਪ੍ਰੀਤ ਸਿੰਘ ਢਿੱਲੋਂ, ਅਜਮੇਰ ਸਿੰਘ, ਸਾਧੂ ਸਿੰਘ, ਅਜੀਤ ਸਿੰਘ, ਬਿੰਦਰ ਸਿੰਘ, ਲਖਵੀਰ ਸਿੰਘ, ਸੁਰਜੀਤ ਸਿੰਘ, ਬਲਵੀਰ ਸਿੰਘ ਗੁਰਮੀਤ ਸਿੰਘ ਆਦਿ ਹਾਜ਼ਰ ਸਨ।

ਪਿੰਡ ਖੋਖਰ ਵਿਖੇ ਖੇਡ ਮੇਲੇ ਦੌਰਾਨ ਖਿਡਾਰੀਆਂ ਤੇ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਨਾਲ ਜਗਜੀਤ ਸਿੰਘ ਹਨੀ ਫ਼ੱਤਣਵਾਲਾ। ਅਜੀਤ ਤਸਵੀਰ

ਪਿੰਡ ਖੋਖਰ ਵਿਖੇ ਦੂਜੇ ਖੇਡ ਮੇਲੇ ਦਾ ਹਨੀ ਫੱਤਣਵਾਲਾ ਵਲੋਂ ਉਦਘਾਟਨ

ਸ੍ਰੀ ਮੁਕਤਸਰ ਸਾਹਿਬ, 8 ਦਸੰਬਰ (ਰਣਜੀਤ ਸਿੰਘ ਢਿੱਲੋਂ)-ਭਾਈ ਘਨੱਈਆ ਸਪੋਰਟਸ ਵੈਲਫੇਅਰ ਕਲੱਬ ਪਿੰਡ ਖੋਖਰ ਵਲੋਂ ਨਗਰ ਵਾਸੀਆਂ, ਐਨ.ਆਰ.ਆਈ. ਵੀਰਾਂ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਦੂਜਾ ਖੇਡ ਮੇਲਾ ਪਿੰਡ ਖੋਖਰ ਵਿਖੇ ਕਰਵਾਇਆ ਗਿਆ ਜਿਸ ਦਾ ਉਦਘਾਟਨ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਹਨੀ ਫ਼ੱਤਣਵਾਲਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸ੍ਰੀ ਮੁਕਤਸਰ ਸਾਹਿਬ ਵਲੋਂ ਕੀਤਾ ਗਿਆ। ਉਨ੍ਹਾਂ ਖਿਡਾਰੀਆਂ ਨਾਲ ਜਾਣ ਪਹਿਚਾਣ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਜ਼ਰੂਰੀ ਹਿੱਸਾ ਹਨ। ਨੌਜਵਾਨ ਪੀੜ੍ਹੀ ਨੂੰ ਸਮਾਜਿਕ ਬੁਰਾਈਆਂ ਤੋਂ ਬਚਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਖੇਡਣ ਨਾਲ ਜੁੜਨਾ ਚਾਹੀਦਾ ਹੈ। ਪੜ੍ਹਾਈ ਦੇ ਨਾਲ ਨਾਲ ਖੇਡਾਂ ਵੀ ਸਾਡੇ ਲਈ ਜ਼ਰੂਰੀ ਹਨ, ਜੋ ਸਰੀਰ ਨੂੰ ਤੰਦਰੁਸਤ ਰੱਖਣ ਦੇ ਨਾਲ ਨਾਲ ਅਨੁਸ਼ਾਸਨ ਵਿਚ ਰਹਿਣਾ ਵੀ ਸਿਖਾਉਂਦੀਆਂ ਹਨ। ਇਸ ਮੌਕੇ ਉਨ੍ਹਾਂ ਕਲੱਬ ਨੂੰ ਮਾਇਕ ਸਹਾਇਤਾ ਵੀ ਦਿੱਤੀ। ਕਲੱਬ ਦੇ ਪ੍ਰਧਾਨ ਕਸ਼ਮੀਰ ਸਿੰਘ, ਹੋਰ ਅਹੁਦੇਦਾਰਾਂ ਤੇ ਮੈਂਬਰਾਂ ਵਲੋਂ ਹਨੀ ਫ਼ੱਤਣਵਾਲਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਵਿੰਦਰ ਸਿੰਘ ਸਰਪੰਚ, ਗੁਰਮੀਤ ਸਿੰਘ ਸਾਬਕਾ ਸਰਪੰਚ ਗੁਰਵਿੰਦਰ ਸਿੰਘ ਮੈਂਬਰ, ਜਗਸੀਰ ਸਿੰਘ ਮੈਂਬਰ ਆਦਿ ਹਾਜ਼ਰ ਸਨ।

ਖਿਡਾਰੀਆਂ ਨਾਲ ਜਾਣ ਪਹਿਚਾਣ ਕਰਦੇ ਹੋਏ ਜਗਜੀਤ ਸਿੰਘ ਹਨੀ ਫ਼ੱਤਣਵਾਲਾ, ਨਾਲ ਕਲੱਬ ਦੇ ਅਹੁਦੇਦਾਰ। ਅਜੀਤ ਤਸਵੀਰ

ਬਿਰਧ ਆਸ਼ਰਮ ਵਿਖੇ ਬਜ਼ੁਰਗਾਂ ਨੂੰ ਗਰਮ ਕੱਪੜੇ ਵੰਡਦੇ ਹੋਏ ਪਤਵੰਤੇ। ਤਸਵੀਰ: ਸੁਖਪਾਲ ਸਿੰਘ ਢਿੱਲੋਂ

ਬਿਰਧ ਆਸ਼ਰਮ ਵਿਖੇ ਬਜ਼ੁਰਗਾਂ ਨੂੰ ਗਰਮ ਕੱਪੜੇ ਵੰਡੇ

ਸ੍ਰੀ ਮੁਕਤਸਰ ਸਾਹਿਬ, 8 ਦਸੰਬਰ (ਸੁਖਪਾਲ ਸਿੰਘ ਢਿੱਲੋਂ)- ਗੁਰੂ ਪਰਿਵਾਰ ਬਾਬਾ ਬੰਸੀ ਵਾਲਾ ਸ੍ਰੀ ਮੁਕਤਸਰ ਸਾਹਿਬ ਵਲੋਂ ਸਰਦੀ ਦੇ ਮੌਸਮ ਨੂੰ ਦੇਖਦੇ ਹੋਏ ਬਿਰਧ ਆਸ਼ਰਮ ਜਲਾਲਾਬਾਦ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਬਜ਼ੁਰਗਾਂ ਨੂੰ ਲੋਈਆਂ, ਸ਼ਾਲ, ਗਰਮ ਟੋਪੀਆਂ, ਜੁਰਾਬਾਂ ਆਦਿ ਵੰਡੀਆਂ ਗਈਆਂ। ਮਾਤਾ ਸੰਤੋਸ਼ ਕੁਮਾਰੀ ਢੋਸੀਵਾਲ ਨੇ ਆਪਣੇ ਹੱਥੀਂ ਸਾਰਾ ਸਾਮਾਨ ਵੰਡਿਆ। ਇਸ ਮੌਕੇ ਸੇਵਾਦਾਰ ਹਰਿੰਦਰ ਢੋਸੀਵਾਲ ਪ੍ਰਧਾਨ ਨੰਬਰਦਾਰ ਐਸੋਸੀਏਸ਼ਨ, ਸੀਨੀਅਰ ਐਡਵੋਕੇਟ ਜਸਦੀਪ ਸਿੰਘ ਸਨੀ, ਬਿਰਧ ਆਸ਼ਰਮ ਦੇ ਪ੍ਰਧਾਨ ਸਰਬਜੀਤ ਸਿੰਘ ਦਰਦੀ, ਬੂਟਾ ਰਾਮ ਕਮਰਾ, ਬਲਜੀਤ ਸਿੰਘ, ਜਗਪ੍ਰੀਤ ਛਾਬੜਾ, ਭੂਸ਼ਣ ਸੁਖੀਜਾ, ਡਾ. ਅਸ਼ੋਕ ਕੁਮਾਰ, ਇਕਬਾਲ ਸਿੰਘ ਅਨੇਜਾ, ਗੁਨਵਾਨ ਸਿੰਘ ਢੋਸੀਵਾਲ, ਅਸ਼ੋਕ ਗੋਇਲ ਬੰਟੀ ਪ੍ਰਧਾਨ, ਸਮਾਈਲ ਕੁਮਾਰ, ਰਾਮ ਕ੍ਰਿਸ਼ਨ, ਨਰਿੰਦਰ ਸਿੰਘ ਸਲੂਜਾ, ਗੁਰਮਿਲਾਪ ਸਿੰਘ ਪਟਵਾਰੀ, ਗੁਰਪ੍ਰੀਤ ਮੱਲਣ, ਦਰਸ਼ਨ ਬਰਾੜ, ਅਭੇ ਜੱਗਾ, ਮਨਦੀਪ ਸੈਦੋਕੇ, ਹਰਦੀਪ ਸਿੰਘ ਖੁੰਨਣ ਕਲਾਂ, ਸੁਸ਼ਾਂਤ ਚਗਤੀ, ਸੰਦੀਪ ਖੁੰਨਣ ਕਲਾਂ, ਜਸਵਿੰਦਰ ਸਿੰਘ ਸੂਰੇਵਾਲਾ, ਦਵਿੰਦਰ ਸਿੰਘ, ਬਲਜਿੰਦਰ ਸਿੰਘ ਸੂਰੇਵਾਲਾ, ਜਗਮੀਤ ਸਿੰਘ ਗੋਲਡੀ, ਕਮਲਦੀਪ ਨਨੀ, ਲਖਵਿੰਦਰ ਸਿੰਘ ਲੱਖਾ ਆਦਿ ਮੌਜੂਦ ਸਨ।

ਪਿੰਡ ਦੋਦਾ ਵਿਖੇ ਮੀਟਿੰਗ ਦੌਰਾਨ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਅਹੁਦੇਦਾਰ ਤੇ ਮੈਂਬਰ। ਤਸਵੀਰ: ਰਵੀਪਾਲ

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵਲੋਂ ਬਲਾਕ ਪੱਧਰੀ ਮੀਟਿੰਗ

ਦੋਦਾ, 8 ਦਸੰਬਰ (ਰਵੀਪਾਲ)- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਦੋਦਾ ਦੀ ਮੀਟਿੰਗ ਬਲਾਕ ਪ੍ਰਧਾਨ ਗੁਰਮੀਤ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਡੇਰਾ ਬਾਬਾ ਧਿਆਨ ਦਾਸ ਦੋਦਾ ਵਿਖੇ ਹੋਈ। ਮੀਟਿੰਗ ਦੌਰਾਨ ਮਲੇਰੀਆਂ ਦੀ ਬਿਮਾਰੀ ਤੋਂ ਬਚਾਅ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਮੁਸ਼ਕਿਲਾਂ ਸੰਬੰਧੀ ਵਿਚਾਰਾਂ ਕੀਤੀਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਬੰਬੇ ਕਲੀਨਿਕ ਨਿਊਰੋ ਲਾਈਫ਼ ਹਸਪਤਾਲ ਡਾ. ਜੇ ਮਿੱਤਲ ਨਿਊਰੋ ਤੇ ਜਨਰਲ ਸਰਜਨ ਨੇ ਆਪਣੇ ਹਸਪਤਾਲ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਡੀ.ਐੱਮ.ਸੀ. ਲੁਧਿਆਣਾ ਸੰਜੀਵਨ ਸਿੰਘ ਰਾਵਤ ਸੀਨੀਅਰ ਮਾਰਕੀਟਿੰਗ ਮੈਨੇਜਰ ਨੇ ਕੈਂਸਰ ਕੇਅਰ ਸੰਬੰਧੀ ਜਾਣਕਾਰੀ ਦਿੰਦੇ ਸਹੂਲਤਾਂ ਬਾਰੇ ਵੀ ਦੱਸਿਆ। ਇਸ ਮੌਕੇ ਅਸ਼ੋਕ ਕੁਮਾਰ ਭੁੱਟੀਵਾਲਾ, ਹਰਦਿਆਲ ਸਿੰਘ, ਧੂਲਕੋਟ, ਇਕੱਤਰ ਸਿੰਘ ਭਲਾਈਆਣਾ, ਬਲਵੀਰ ਸਿੰਘ ਸੂਰੇਵਾਲਾ, ਗੁਰਮੇਲ ਸਿੰਘ ਗੁਰੂਸਰ, ਗੁਰਮੇਲ ਸਿੰਘ ਸਮਾਘ, ਅਮਰਜੀਤ ਸਿੰਘ ਸੋਥਾ, ਧਰਮਿੰਦਰ ਸਿੰਘ ਮਧੀਰ, ਰਜਿੰਦਰ ਸਿੰਘ ਭੱਟੀ ਛੱਤਿਆਣਾ, ਬਲਦੇਵ ਸਿੰਘ ਭਲਾਈਆਣਾ ਤੇ ਸਮੂਹ ਮੈਂਬਰ ਹਾਜ਼ਰ ਸਨ।

ਯੂਥ ਕਾਂਗਰਸ ਵਲੋਂ 10 ਨੂੰ ਮੁੱਖ ਮੰਤਰੀ ਦੇ ਨਿਵਾਸ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ- ਬਰਾੜ

ਕੋਟਕਪੂਰਾ, 8 ਦਸੰਬਰ (ਮੋਹਰ ਸਿੰਘ ਗਿੱਲ)-ਆਮ ਆਦਮੀ ਪਾਰਟੀ ਵਲੋਂ ਪੰਜਾਬ 'ਚ ਸਰਕਾਰ ਬਣਾਉਣ ਤੋਂ ਪਹਿਲਾਂ ਅਨੇਕਾਂ ਤਰ੍ਹਾਂ ਦੇ ਲੋਕਾਂ ਨਾਲ ਵਾਅਦੇ ਕੀਤੇ ਗਏ ਸਨ ਪਰ ਉਨ੍ਹਾਂ ਵਿਚੋਂ ਕੋਈ ਵਾਅਦਾ ਵਫ਼ਾ ਨਹੀਂ ਹੋਇਆ, ਜਿਸ ਕਾਰਨ ਲੋਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ। ਇਹ ਪ੍ਰਗਟਾਵਾ ਸਾਬਕਾ ਚੇਅਰਮੈਨ ਸਵਰਗੀ ਦਿਲਬਾਗ ਸਿੰਘ ਬਰਾੜ ਦੇ ਪੁੱਤਰ ਸੁਮੀਤ ਸਿੰਘ ਬਰਾੜ ਸਟੇਟ ਮੀਡੀਆ ਕੋਆਰਡੀਨੇਟਰ ਪੰਜਾਬ ਯੂਥ ਕਾਂਗਰਸ ਨੇ ਆਪਣੇ ਨਿਵਾਸ ਸਥਾਨ 'ਤੇ ਚੋਣਵੇਂ ਪੱਤਰਕਾਰਾਂ ਨਾਲ